**ਮਾਰੂ ਮਹਲਾ ੫ ਘਰੁ ੪ ਅਸਟਪਦੀਆ ੧ੴ ਸਤਿਗੁਰ ਪ੍ਰਸਾਦਿ ॥ ਚਾਦਨਾ ਚਾਦਨੁ ਆਂਗਨਿ ਪ੍ਰਭ ਜੀਉ ਅੰਤਰਿ ਚਾਦਨਾ ॥੧॥ ਆਰਾਧਨਾ ਅਰਾਧਨੁ ਨੀਕਾ ਹਰਿ ਹਰਿ ਨਾਮੁ ਅਰਾਧਨਾ ॥੨॥ ਤਿਆਗਨਾ ਤਿਆਗਨੁ ਨੀਕਾ ਕਾਮੁ ਕ੍ਰੋਧੁ ਲੋਭੁ ਤਿਆਗਨਾ ॥੩॥ ਮਾਗਨਾ ਮਾਗਨੁ ਨੀਕਾ ਹਰਿ ਜਸੁ ਗੁਰ ਤੇ ਮਾਗਨਾ ॥੪॥ ਜਾਗਨਾ ਜਾਗਨੁ ਨੀਕਾ ਹਰਿ ਕੀਰਤਨ ਮਹਿ ਜਾਗਨਾ ॥੫॥ ਲਾਗਨਾ ਲਾਗਨੁ ਨੀਕਾ ਗੁਰ ਚਰਣੀ ਮਨੁ ਲਾਗਨਾ ॥੬॥ ਇਹ ਬਿਧਿ ਤਿਸਹਿ ਪਰਾਪਤੇ ਜਾ ਕੈ ਮਸਤਕਿ ਭਾਗਨਾ ॥੭॥ ਕਹੁ ਨਾਨਕ ਤਿਸੁ ਸਭੁ ਕਿਛੁ ਨੀਕਾ ਜੋ ਪ੍ਰਭ ਕੀ ਸਰਨਾਗਨਾ ॥੮॥੧॥੪॥ {ਪੰਨਾ 1018}**

ਪਦਅਰਥ:- ਚਾਦਨਾ ਚਾਦਨੁ—ਚਾਨਣਾਂ ਵਿਚੋਂ ਚਾਨਣ। ਆਂਗਨਿ—ਵਿਹੜੇ ਵਿਚ। ਪ੍ਰਭ ਜੀਉ ਚਾਦਨਾ—ਪ੍ਰਭੂ ਜੀ ਦੇ ਨਾਮ ਦਾ ਚਾਨਣ। ਅੰਤਰਿ—ਅੰਦਰ, ਹਿਰਦੇ ਵਿਚ।1।

ਨੀਕਾ—{n#q} ਸੋਹਣਾ, ਚੰਗਾ। ਆਰਾਧਨਾ ਅਰਾਧਨੁ—ਸਿਮਰਨਾਂ ਵਿਚੋਂ ਸਿਮਰਨ।2।

ਤਿਆਗਨਾ—ਛਡ ਦੇਣਾ।3।

ਮਾਗਨਾ ਮਾਗਨੁ—ਮੰਗਣ ਵਿਚੋਂ ਮੰਗਣ। ਗੁਰ ਤੇ—ਗੁਰੂ ਪਾਸੋਂ।4।

ਹਰਿ ਕੀਰਤਨ ਮਹਿ—ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨ ਵਿਚ।5।

ਲਾਗਨਾ ਲਾਗਨੁ ਨੀਕਾ—ਹੋਰ ਹੋਰ ਪਿਆਰ ਬਣਨ ਨਾਲੋਂ ਸੋਹਣਾ ਪਿਆਰ।6।

ਇਹ ਬਿਧਿ—ਇਹ ਜੁਗਤਿ। ਤਿਸਹਿ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ}। ਜਾ ਕੈ ਮਸਤਕਿ—ਜਿਸ (ਮਨੁੱਖ) ਦੇ ਮੱਥੇ ਉੱਤੇ।7।

ਨਾਨਕ—ਹੇ ਨਾਨਕ! ਸਰਨਾਗਨਾ—ਸਰਣ ਆ ਜਾਂਦਾ ਹੈ।8।

ਅਰਥ:- (ਹੇ ਭਾਈ! ਲੋਕ ਖ਼ੁਸ਼ੀ ਆਦਿਕ ਦੇ ਮੌਕੇ ਤੇ ਘਰਾਂ ਵਿਚ ਦੀਵੇ ਆਦਿਕ ਬਾਲ ਕੇ ਚਾਨਣ ਕਰਦੇ ਹਨ, ਪਰ ਮਨੁੱਖ ਦੇ) ਹਿਰਦੇ ਵਿਚ ਪਰਮਾਤਮਾ ਦੇ ਨਾਮ ਦਾ ਚਾਨਣ ਹੋ ਜਾਣਾ—ਇਹ ਵਿਹੜੇ ਵਿਚ ਹੋਰ ਸਭ ਚਾਨਣਾਂ ਨਾਲੋਂ ਵਧੀਆ ਚਾਨਣ ਹੈ।1।

ਹੇ ਭਾਈ! ਸਦਾ ਪਰਮਾਤਮਾ ਦਾ ਹੀ ਨਾਮ ਸਿਮਰਨਾ—ਇਹ ਹੋਰ ਸਾਰੇ ਸਿਮਰਨਾਂ ਨਾਲੋਂ ਸੋਹਣਾ ਸਿਮਰਨ ਹੈ।2।

(ਹੇ ਭਾਈ! ਮਾਇਆ ਦੇ ਮੋਹ ਵਿਚੋਂ ਨਿਕਲਣ ਲਈ ਲੋਕ ਗ੍ਰਿਹਸਤ ਤਿਆਗ ਜਾਂਦੇ ਹਨ, ਪਰ) ਕਾਮ ਕ੍ਰੋਧ ਲੋਭ (ਆਦਿਕ ਵਿਕਾਰਾਂ ਨੂੰ ਹਿਰਦੇ ਵਿਚੋਂ) ਤਿਆਗ ਦੇਣਾ—ਇਹ ਹੋਰ ਸਾਰੇ ਤਿਆਗਾਂ ਨਾਲੋਂ ਸ੍ਰੇਸ਼ਟ ਤਿਆਗ ਹੈ।3।

ਹੇ ਭਾਈ! ਗੁਰੂ ਪਾਸੋਂ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਖ਼ੈਰ ਮੰਗਣਾ—ਇਹ ਹੋਰ ਸਾਰੀਆਂ ਮੰਗਾਂ ਨਾਲੋਂ ਵਧੀਆ ਮੰਗ ਹੈ।4।

(ਹੇ ਭਾਈ! ਦੇਵੀ ਆਦਿਕ ਦੀ ਪੂਜਾ ਵਾਸਤੇ ਲੋਕ ਜਾਗਰੇ ਕਰਦੇ ਹਨ, ਪਰ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਜਾਗਣਾ—ਇਹ ਹੋਰ ਜਾਗਰਿਆਂ ਨਾਲੋਂ ਉੱਤਮ ਜਾਗਰਾ ਹੈ।5।

ਹੇ ਭਾਈ! ਗੁਰੂ ਦੇ ਚਰਨਾਂ ਵਿਚ ਮਨ ਦਾ ਪਿਆਰ ਬਣ ਜਾਣਾ—ਇਹ ਹੋਰ ਸਾਰੀਆਂ ਲਗਨਾਂ ਨਾਲੋਂ ਵਧੀਆ ਲਗਨ ਹੈ।6।

ਪਰ, ਹੇ ਭਾਈ! ਇਹ ਜੁਗਤਿ ਉਸੇ ਹੀ ਮਨੁੱਖ ਨੂੰ ਪ੍ਰਾਪਤ ਹੁੰਦੀ ਹੈ, ਜਿਸ ਦੇ ਮੱਥੇ ਉੱਤੇ ਭਾਗ ਜਾਗ ਪੈਣ।7।

ਹੇ ਨਾਨਕ! ਆਖ—ਜਿਹੜਾ ਮਨੁੱਖ ਪਰਮਾਤਮਾ ਦੀ ਸਰਨ ਵਿਚ ਆ ਜਾਂਦਾ ਹੈ, ਉਸ ਨੂੰ ਹਰੇਕ ਸੋਹਣਾ ਗੁਣ ਪ੍ਰਾਪਤ ਹੋ ਜਾਂਦਾ ਹੈ।8।1।4।